# PUNJAB TO SET UP SECURITY OPERATIONS CENTRE TO BOLSTER CYBERSECURITY INFRASTRUCTURE: AMAN ARORA

**• The Board of Governors of PSeGS gives nod to establish SOC with Rs. 42.07-CR**

**• Governance Reforms Minister held VC meeting with DCs to discuss & review key governance reforms and strategies to further improve citizen service delivery**

**•Also directs to identify and pull up habitual delayers for ensuring smooth service delivery**

Chandigarh, January 16:

In a bid to bolster the state's cyber security infrastructure by enhancing the defence mechanisms of the state's digital landscape, Punjab Government has decided to establish a Security Operations Centre (SOC) to ensure the protection of critical IT infrastructure including various applications and websites of the state government.

This significant decision was taken in 19th meeting of the Board of Governors of Punjab State e-Governance Society (PSeGS) chaired by Mr. Aman Arora, Minister of Governance Reforms and Public Grievances Punjab, here at MGSIPA, on Thursday.

With the implementation of SOC, to be established at the cost of Rs. 42.07 crore, Punjab will become one of foremost states in Northern India with high level Cyber Security capabilities. In the digital age, cyber threats are becoming more sophisticated and pervasive so the need to establish a Security Operations Centre (SOC) for the State was increasing. It will enable monitoring, detecting and responding to cyber security incidents in real time for protection of our critical IT infrastructure, he informed.

After this meeting, the Governance Reforms Minister held a video conference meeting with all the Deputy Commissioners (DCs) to discuss and review the key governance reforms and strategies to further improve citizen service delivery. He said that Punjab has 538 Sewa Kendras and 438 Government to Citizens (G2C) services are being delivered seamlessly. The state has successfully brought down pendency in citizen service delivery from 27% to less than 0.17%. He also lauded the DCs of Amritsar, Jalandhar and Pathankot for maintaining low pendency level

in citizen service delivery, while asking all the DCs to ensure regular monitoring and review of district-level pendency to identify and resolve bottlenecks.

Mr. Aman Arora directed the DCs to identify and pull up the habitual delayers, who are sending applications back without solid reasons and putting unnecessary objections, while emphasizing on the importance of providing clear objection remarks on pending applications to enhance transparency and accountability.

While taking stock of the ambitious and pioneer project of the online verification of applications by Sarpanches, Nambardars and Municipal Councilors (MCs), Mr. Aman Arora directed the Deputy Commissioners to ensure that all Sarpanchs/Nambardars and MC are onboarded on the eSewa Portal within this month to eliminate the need for citizens to make multiple visits for document verification. It was ordered that from 1st Feburary 2025, offline verification from Sarpanchs/Nambardars and MC shall be stopped and only online verifications shall be acceptables.

Additional Chief Secretary Governance Reforms Mr. Vikas Pratap assured the Cabinet Minister that the department is committed to provide hassle-free, efficient services to the public in a transparent manner to improve transparency and efficiency in citizen service delivery.

The meeting was also attended by Additional Chief Secretary Local Government Tejveer Singh, Director Governance Reforms Mr. Girish Dayalan, Special Secretary Revenue Mr. Harpreet Sudan, Additional Secretary School Education Parminder Pal Singh, Director Information Technology Mr. Mohinder Pal, Joint Secretary GAD Tejdeep Saini and other senior officials of the various state government departments.

ਸਾਈਬਰ ਸੁਰੱਖਿਆ ਢਾਂਚੇ ਦੀ ਮਜ਼ਬੂਤੀ ਲਈ ਸਕਿਉਰਿਟੀ ਆਪਰੇਸ਼ਨ ਸੈਂਟਰ ਸਥਾਪਤ ਕਰੇਗੀ ਪੰਜਾਬ ਸਰਕਾਰ: ਅਮਨ ਅਰੋੜਾ

੍ਹਪੰਜਾਬ ਰਾਜ ਈ-ਗਵਰਨੈਂਸ ਸੋਸਾਇਟੀ ਦੇ ਬੋਰਡ ਆਫ਼ ਗਵਰਨਰਜ਼ ਵੱਲੋਂ 42.07 ਕਰੋੜ ਰੁਪਏ ਦੀ ਲਾਗਤ ਨਾਲ ਸਕਿਉਰਿਟੀ ਆਪਰੇਸ਼ਨ ਸੈਂਟਰ ਸਥਾਪਤ ਕਰਨ ਨੂੰ ਪ੍ਰਵਾਨਗੀ

੍ਹਕੈਬਨਿਟ ਮੰਤਰੀ ਨੇ ਨਾਗਰਿਕ ਸੇਵਾਵਾਂ ਦੀ ਡਿਲੀਵਰੀ ਨੂੰ ਹੋਰ ਬਿਹਤਰ ਬਣਾਉਣ ਲਈ ਡਿਪਟੀ ਕਮਿਸ਼ਨਰਾਂ ਨਾਲ ਵੀਡੀਓ ਕਾਨਫਰੰਸਿੰਗ ਰਾਹੀਂ ਮੀਟਿੰਗ

੍ਹਸੇਵਾਵਾਂ ਦੀ ਸੁਚਾਰੂ ਤੇ ਨਿਰਵਿਘਨ ਡਿਲੀਵਰੀ ਯਕੀਨੀ ਬਣਾਉਣ ਲਈ ਅਰਜ਼ੀਆਂ ਦਾ ਦੇਰੀ ਨਾਲ ਨਿਪਟਾਰਾ ਕਰਨ ਵਾਲੇ ਕਰਮਚਾਰੀਆਂ ਤੇ ਅਧਿਕਾਰੀਆਂ ਦੀ ਪਛਾਣ ਕਰਨ ਲਈ ਵੀ ਕਿਹਾ

ਚੰਡੀਗੜ੍ਹ, 16 ਜਨਵਰੀ:

ਸੂਬੇ ਦੇ ਡਿਜੀਟਲ ਖੇਤਰ ਵਿੱਚ ਆਧੁਨਿਕ ਰੱਖਿਆ ਪ੍ਰਣਾਲੀਆਂ ਨੂੰ ਸ਼ਾਮਲ ਕਰਕੇ ਸੂਬੇ ਦੇ ਸਾਈਬਰ ਸੁਰੱਖਿਆ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਨੇ ਰਾਜ ਸਰਕਾਰ ਦੀਆਂ ਵੱਖ-ਵੱਖ ਐਪਲੀਕੇਸ਼ਨਾਂ ਅਤੇ ਵੈੱਬਸਾਈਟਾਂ ਸਮੇਤ ਆਈ.ਟੀ. ਢਾਂਚੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਸਕਿਉਰਿਟੀ ਆਪਰੇਸ਼ਨ ਸੈਂਟਰ (ਐਸ.ਓ.ਸੀ.) ਸਥਾਪਤ ਕਰਨ ਦਾ ਫੈਸਲਾ ਕੀਤਾ ਹੈ।

ਇਹ ਅਹਿਮ ਫੈਸਲਾ ਅੱਜ ਇਥੇ ਮੈਗਸੀਪਾ ਵਿਖੇ ਪ੍ਰਸ਼ਾਸਨਿਕ ਸੁਧਾਰ ਅਤੇ ਜਨਤਕ ਸ਼ਿਕਾਇਤਾਂ ਬਾਰੇ ਮੰਤਰੀ ਸ੍ਰੀ ਅਮਨ ਅਰੋੜਾ ਦੀ ਪ੍ਰਧਾਨਗੀ ਹੇਠ ਪੰਜਾਬ ਰਾਜ ਈ-ਗਵਰਨੈਂਸ ਸੋਸਾਇਟੀ ਦੇ ਬੋਰਡ ਆਫ਼ ਗਵਰਨਰਜ਼ ਦੀ ਹੋਈ 19ਵੀਂ ਮੀਟਿੰਗ ਵਿੱਚ ਲਿਆ ਗਿਆ।

ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ 42.07 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਿਤ ਕੀਤੇ ਜਾਣ ਵਾਲੇ ਐਸ.ਓ.ਸੀ. ਦੇ ਕਾਰਜਸ਼ੀਲ ਹੋਣ ਨਾਲ ਪੰਜਾਬ ਉੱਚ ਪੱਧਰੀ ਸਾਈਬਰ ਸੁਰੱਖਿਆ ਸਮਰੱਥਾਵਾਂ ਵਾਲੇ ਉੱਤਰੀ ਭਾਰਤ ਦੇ ਮੋਹਰੀ ਰਾਜਾਂ ਵਿੱਚੋਂ ਇੱਕ ਬਣ ਜਾਵੇਗਾ। ਉਨ੍ਹਾਂ ਕਿਹਾ ਕਿ ਡਿਜੀਟਲ ਯੁੱਗ ਵਿੱਚ ਸਾਈਬਰ ਖਤਰੇ ਵਧੇਰੇ ਅਤੇ ਵਿਆਪਕ ਹੁੰਦੇ ਜਾ ਰਹੇ ਹਨ, ਇਸ ਲਈ ਸੂਬੇ ਵਿੱਚ ਸਕਿਉਰਿਟੀ ਆਪਰੇਸ਼ਨ ਸੈਂਟਰ (ਐਸ.ਓ.ਸੀ.) ਸਥਾਪਤ ਕਰਨਾ ਸਮੇਂ ਦੀ ਲੋੜ ਬਣ ਚੁੱਕੀ ਹੈ। ਇਹ ਸਾਨੂੰ ਆਈ.ਟੀ. ਢਾਂਚੇ ਦੀ ਸੁਰੱਖਿਆ ਵਾਸਤੇ ਸਾਈਬਰ ਸੁਰੱਖਿਆ ਘਟਨਾਵਾਂ ਦੀ ਰੀਅਲ-ਟਾਈਮ ਮੌਨੀਟਰਿੰਗ, ਪਛਾਣ ਅਤੇ ਇਸ ਸਬੰਧੀ ਢੁੱਕਵੀਂ ਜਵਾਬੀ ਕਾਰਵਾਈ ਦੇ ਯੋਗ ਬਣਾਏਗਾ।

ਇਸ ਮੀਟਿੰਗ ਤੋਂ ਬਾਅਦ, ਪ੍ਰਸ਼ਾਸਨਿਕ ਸੁਧਾਰ ਮੰਤਰੀ ਨੇ ਸਾਰੇ ਡਿਪਟੀ ਕਮਿਸ਼ਨਰਾਂ ਨਾਲ ਵੀਡੀਓ ਕਾਨਫਰੰਸ ਰਾਹੀਂ

ਮੀਟਿੰਗ ਕੀਤੀ, ਜਿਸ ਵਿੱਚ ਉਨ੍ਹਾਂ ਨੇ ਹੋਰ ਬਿਹਤਰ ਢੰਗ ਨਾਲ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਮੁੱਖ ਪ੍ਰਸ਼ਾਸਨਿਕ ਸੁਧਾਰਾਂ ਅਤੇ ਰਣਨੀਤੀਆਂ ਦਾ ਜਾਇਜ਼ਾ ਲਿਆ ਅਤੇ ਇਸ ਬਾਰੇ ਵਿਚਾਰਚਰਚਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ 538 ਸੇਵਾ ਕੇਂਦਰ ਹਨ ਅਤੇ ਨਾਗਰਿਕਾਂ ਨੂੰ 438 ਸੇਵਾਵਾਂ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਸੂਬੇ ਨੇ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਦੇ ਲੰਬਿਤ ਮਾਮਲਿਆਂ ਨੂੰ 27 ਫੀਸਦ ਤੋਂ 0.17% ਫੀਸਦ ਤੋਂ ਵੀ ਘੱਟ ਕੀਤਾ ਗਿਆ ਹੈ। ਉਨ੍ਹਾਂ ਨੇ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਵਿੱਚ ਘੱਟ ਪੈਂਡੈਂਸੀ ਵਾਲੇ ਜ਼ਿਲ੍ਹਿਆਂ ਅੰਮ੍ਰਿਤਸਰ, ਜਲੰਧਰ ਅਤੇ ਪਠਾਨਕੋਟ ਦੇ ਡਿਪਟੀ ਕਮਿਸ਼ਨਰਾਂ ਦੀ ਸ਼ਲਾਘਾ ਵੀ ਕੀਤੀ ਅਤੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਜ਼ਿਲ੍ਹਾ ਪੱਧਰ 'ਤੇ ਬਕਾਇਆ ਕੇਸਾਂ ਦੀ ਨਿਯਮਤ ਨਿਗਰਾਨੀ ਅਤੇ ਸਮੀਖਿਆ ਨੂੰ ਯਕੀਨੀ ਬਣਾਉਣ ਲਈ ਕਿਹਾ ਤਾਂ ਜੋ ਇਸ ਕਾਰਜ ਵਿੱਚ ਆ ਰਹੀਆਂ ਮੁਸ਼ਕਿਲਾਂ/ਰੁਕਾਵਟਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਦੂਰ ਕੀਤਾ ਜਾ ਸਕੇ।

ਸ੍ਰੀ ਅਮਨ ਅਰੋੜਾ ਨੇ ਲੰਬਿਤ ਅਰਜ਼ੀਆਂ ’ਤੇ ਸਪੱਸ਼ਟ ਇਤਰਾਜ਼/ਟਿੱਪਣੀ ਦੇਣ ਦੀ ਮਹੱਤਤਾ ’ਤੇ ਜ਼ੋਰ ਦਿੰਦਿਆਂ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਉਹ ਬਿਨਾਂ ਕਿਸੇ ਠੋਸ ਕਾਰਨ ਅਤੇ ਬੇਲੋੜੇ ਇਤਰਾਜ਼ ਲਗਾ ਕੇ ਅਰਜ਼ੀਆਂ ਵਾਪਸ ਭੇਜਣ ਦੇ ਆਦੀ ਕਰਮਚਾਰੀਆਂ ਤੇ ਅਧਿਕਾਰੀਆਂ ਦੀ ਪਛਾਣ ਕਰਕੇ ਉਨ੍ਹਾਂ ਦੀ ਖਿਚਾਈ ਕਰਨ ਅਤੇ ਇਸ ਸਬੰਧੀ ਸਖਤ ਨਿਰਦੇਸ਼ ਜਾਰੀ ਕਰਨ।

ਸਰਪੰਚਾਂ, ਨੰਬਰਦਾਰਾਂ ਅਤੇ ਨਗਰ ਕੌਂਸਲਰਾਂ (ਐਮ.ਸੀ.) ਦੁਆਰਾ ਅਰਜ਼ੀਆਂ ਦੀ ਔਨਲਾਈਨ ਤਸਦੀਕ ਦੇ ਮਹੱਤਵਪੂਰਨ ਪ੍ਰਾਜੈਕਟ ਦਾ ਜਾਇਜ਼ਾ ਲੈਂਦਿਆਂ ਸ੍ਰੀ ਅਮਨ ਅਰੋੜਾ ਨੇ ਡਿਪਟੀ ਕਮਿਸ਼ਨਰਾਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ ਸਾਰੇ ਸਰਪੰਚਾਂ/ਨੰਬਰਦਾਰਾਂ ਅਤੇ ਨਗਰ ਕੌਂਸਲਰਾਂ ਨੂੰ ਇਸ ਮਹੀਨੇ ਦੇ ਅੰਦਰ-ਅੰਦਰ ਈ-ਸੇਵਾ ਪੋਰਟਲ ’ਤੇ ਸ਼ਾਮਲ ਕਰਨ ਤਾਂ ਜੋ ਨਾਗਰਿਕਾਂ ਨੂੰ ਦਸਤਾਵੇਜ਼ ਤਸਦੀਕ ਲਈ ਵਾਰ-ਵਾਰ ਗੇੜੇ ਨਾ ਲਾਉਣੇ ਪੈਣ। ਇਹ ਆਦੇਸ਼ ਵੀ ਦਿੱਤੇ ਗਏ ਕਿ 1 ਫਰਵਰੀ 2025 ਤੋਂ ਸਰਪੰਚਾਂ/ਨੰਬਰਦਾਰਾਂ ਅਤੇ ਨਗਰ ਕੌਸਲਰਾਂ ਜ਼ਰੀਏ ਦਸਤਾਵੇਜ਼ਾਂ ਦੀ ਆਫਲਾਈਨ ਤਸਦੀਕ ਬੰਦ ਕਰ ਦਿੱਤੀ ਜਾਵੇਗੀ ਅਤੇ ਸਿਰਫ਼ ਔਨਲਾਈਨ ਤਸਦੀਕ ਹੀ ਸਵੀਕਾਰਯੋਗ ਹੋਵੇਗੀ।

ਪ੍ਰਸ਼ਾਸਨਿਕ ਸੁਧਾਰ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਵਿਕਾਸ ਪ੍ਰਤਾਪ ਨੇ ਕੈਬਨਿਟ ਮੰਤਰੀ ਨੂੰ ਭਰੋਸਾ ਦਿੱਤਾ ਕਿ ਵਿਭਾਗ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਵਿੱਚ ਪਾਰਦਰਸ਼ਤਾ ਅਤੇ ਕੁਸ਼ਲਤਾ ਨੂੰ ਯਕੀਨੀ ਬਣਾਉਂਦਿਆਂ ਆਮ ਜਨਤਾ ਨੂੰ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਨਿਰਵਿਘਨ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।

ਇਸ ਮੀਟਿੰਗ ਵਿੱਚ ਸਥਾਨਕ ਸਰਕਾਰਾਂ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਤੇਜਵੀਰ ਸਿੰਘ, ਪ੍ਰਸ਼ਾਸਨਿਕ ਸੁਧਾਰ ਵਿਭਾਗ ਦੇ ਡਾਇਰੈਕਟਰ ਸ੍ਰੀ ਗਿਰੀਸ਼ ਦਿਆਲਨ, ਵਿਸ਼ੇਸ਼ ਸਕੱਤਰ ਮਾਲ ਸ੍ਰੀ ਹਰਪ੍ਰੀਤ ਸੂਦਨ, ਵਧੀਕ ਸਕੱਤਰ ਸਕੂਲ ਸਿੱਖਿਆ ਸ੍ਰੀ ਪਰਮਿੰਦਰ ਪਾਲ ਸਿੰਘ, ਡਾਇਰੈਕਟਰ ਸੂਚਨਾ ਤਕਨਾਲੋਜੀ ਸ੍ਰੀ ਮੋਹਿੰਦਰ ਪਾਲ, ਸੰਯੁਕਤ ਸਕੱਤਰ ਆਮ ਰਾਜ ਪ੍ਰਬੰਧ ਸ੍ਰੀ ਤੇਜਦੀਪ ਸੈਣੀ ਅਤੇ ਵੱਖ-ਵੱਖ ਵਿਭਾਗਾਂ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।